# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 04-09-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਬਾਂਦਰ ਸੇਰੀ ਬੇਗਾਵਨ ਵਿਖੇ ਬਰੂਨੇਈ ਦੇ ਸੁਲਤਾਨ ਹਾਜੀ ਹਸਨਲ ਬੋਲਕੀਆ ਨਾਲ ਗੱਲਬਾਤ ਕੀਤੀ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ੍ਰੀ ਮੋਦੀ ਨੇ ਕਿਹਾ ਏ ਕਿ, ਉਹ ਸੁਲਤਾਨ ਹਾਜੀ ਹਸਨਲ ਬੋਲਕੀਆ ਨੂੰ ਮਿਲ ਕੇ ਬਹੁਤ ਖੁਸ਼ ਨੇ . ਉਨ੍ਹਾਂ ਕਿਹਾ ਕਿ, ਗੱਲਬਾਤ ਵਿਆਪਕ ਸੀ ਅਤੇ ਇਸ 'ਚ ਦੋਵਾਂ ਦੇਸ਼ਾਂ ਦਰਮਿਆਨ ਦੁਵੱਲੇ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ ਦੇ ਢੰਗ– ਤਰੀਕਿਆਂ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ . ਸ੍ਰੀ ਮੋਦੀ ਨੇ ਕਿਹਾ ਕਿ, ਭਾਰਤ ਅਤੇ ਬਰੂਨੇਈ ਵਪਾਰਕ ਸਬੰਧਾਂ, ਅਤੇ ਲੋਕਾਂ ਤੋਂ ਲੋਕਾਂ ਦੇ ਆਪਸੀ ਤਬਾਦਲਿਆਂ ਨੂੰ ਹੋਰ ਵਧਾਉਣ ਜਾ ਰਹੇ ਨੇ । ਭਾਰਤ-ਬ੍ਰੂਨੇਈ ਸਬੰਧਾਂ ਅਤੇ ਐਕਟ ਈਸਟ ਨੀਤੀ ਨੰੂ ਨਵਾਂ ਹੁਲਾਰਾ ਦਿੰਦੇ ਹੋਏ, ਦੋਵਾਂ ਧਿਰਾਂ ਨੇ ਲਾਭਕਾਰੀ ਵਿਚਾਰ ਵਟਾਂਦਰੇ ਕੀਤੇ । ਦੋਵਾਂ ਨੇਤਾਵਾਂ ਨੇ ਦੁਵੱਲੇ

ਸਬੰਧਾਂ ਨੂੰ ਵਧੀ ਹੋਈ ਭਾਈਵਾਲੀ ਵੱਲ ਵਧਾਉਣ ਦਾ ਸੁਆਗਤ ਕੀਤਾ। ਦੋਹਾਂ ਨੇਤਾਵਾਂ ਨੇ ਰੱਖਿਆ, ਵਪਾਰ ਅਤੇ ਨਿਵੇਸ਼, ਊਰਜਾ, ਪੁਲਾੜ ਤਕਨਾਲੋਜੀ, ਸਿਹਤ ਅਤੇ ਦਵਾ-ਖੇਤਰ , ਸਮਰੱਥਾ ਨਿਰਮਾਣ, ਸੱਭਿਆਚਾਰ ਅਤੇ ਲੋਕਾਂ ਤੋਂ ਲੋਕਾਂ ਦੇ ਸਬੰਧਾਂ ਸਮੇਤ ਦੁਵੱਲੇ ਸਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਆਪਸੀ ਹਿੱਤਾਂ ਦੇ ਖੇਤਰੀ ਅਤੇ ਆਲਮੀ ਮੁੱਦਿਆਂ 'ਤੇ ਵੀ ਵਿਚਾਰਾਂ ਦਾ ਆਦਾਨ-ਪ੍ਰਦਾਨ ਕੀਤਾ।

---------------------------------------------------------

ਦੋਹਾਂ ਨੇਤਾਵਾਂ ਦੀ ਮੌਜੂਦਗੀ 'ਚ ਵਿਦੇਸ਼ ਮੰਤਰੀ ਡਾ. ਐੱਸ. ਜੈਸ਼ੰਕਰ ਅਤੇ ਬ੍ਰੂਨੇਈ ਦੇ ਟਰਾਂਸਪੋਰਟ ਅਤੇ ਸੂਚਨਾ ਸੰਚਾਰ ਮੰਤਰੀ ਪੇਂਗਿਰਨ ਦਾਤੋ ਸ਼ਾਮਹਾਰੀ ਮੁਹਾਰੀ ਪੇਂਗੀ-ਰਾਨ ਵੱਲੋਂ ਸੈਟੇਲਾਈਟ ਅਤੇ ਲਾਂਚ ਵਾਹਨਾਂ ਲਈ ਟੈਲੀਮੈਟਰੀ, ਟ੍ਰੈਕਿੰਗ ਅਤੇ ਟੈਲੀਕਮਾਂਡ ਸਟੇਸ਼ਨ ਦੇ ਸੰਚਾਲਨ ਵਿੱਚ ਸਹਿਯੋਗ 'ਤੇ ਇੱਕ ਸਹਿਮਤੀ ਪੱਤਰ 'ਤੇ ਦਸਤਖਤ ਅਤੇ ਇਸਦਾ ਵਟਾਂਦਰਾ ਕੀਤਾ ਗਿਆ । ਆਪਣੇ ਦੌਰੇ ਦੇ ਪਹਿਲੇ ਪੜਾਅ 'ਚ ਬਰੂਨੇਈ ਦਾ ਦੌਰਾ ਮੁੰਕਮਲ ਕਰਣ ਤੋਂ ਬਾਅਦ ਪ੍ਰਧਾਨ ਮੰਤਰੀ ਨਰੇਂਦਰ

ਮੋਦੀ ਆਪਣੇ ਦੌਰੇ ਦੇ ਦੂਜੇ ਪੜਾਅ ਲਈ ਸਿੰਗਾਪੁਰ ਲਈ ਰਵਾਨਾ ਹੋ ਗਏ ਨੇ

---------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਪੁਰਬ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾ ਰਿਹਾ ਏ।ਇਸ ਮੌਕੇ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਤੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤਕ ਪਰੰਪਰਾ ਅਨੁਸਾਰ ਨਗਰ ਕੀਰਤਨ ਸਜਾਇਆ ਗਿਆ, ਜਿਸ ਦੀ ਆਰੰਭਤਾ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਹਜ਼ੂਰੀ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ। ਅਰਦਾਸ ਮਗਰੋਂ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਸਰਵਣ ਕਰਾਇਆ। ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਪਹਿਲੇ ਪ੍ਰਕਾਸ਼ ਗੁਰਪੁਰਬ ਦੀ ਸਿੱਖ ਜਗਤ ਨੂੰ ਵਧਾਈ ਦਿੱਤੀ ਅਤੇ ਇਸ ਦਿਹਾੜੇ ਦੇ ਇਤਿਹਾਸ ਤੋਂ ਜਾਣੂ ਕਰਵਾਇਆ। ਨਗਰ ਕੀਰਤਨ ਦੀ ਅਗਵਾਈ ਪੰਜ ਪਿਆਰੇ ਕਰ ਰਹੇ ਸਨ ਅਤੇ ਨਗਰ ਕੀਰਤਨ ਸਮੇਂ

ਸਿੱਖ ਨੌਜੁਆਨਾਂ ਨੇ ਗਤਕਾ ਪ੍ਰਦਰਸ਼ਨ ਵੀ ਕੀਤਾ। ਨਗਰ ਕੀਰਤਨ ਲਗਭਗ ਇਕ ਘੰਟੇ ਚ ਸ੍ਰੀ ਹਰਿਮੰਦਰ ਸਾਹਿਬ ਵਿਖੇ ਪੁੱਜ ਕੇ ਸੰਪਨ ਹੋਇਆ। ਨਗਰ ਕੀਰਤਨ ’ਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਅਨੇਕਾਂ ਮੈਂਬਰ ਸ਼੍ਰੋਮਣੀ ਕਮੇਟੀ, ਪੰਥਕ ਹਸਤੀਆਂ, ਸ਼੍ਰੋਮਣੀ ਕਮੇਟੀ ਅਧਿਕਾਰੀ ਅਤੇ ਵੱਡੀ ਗਿਣਤੀ ਚ ਸੰਗਤਾਂ ਨੇ ਸ਼ਮੂਲੀਅਤ ਕੀਤੀ। ਪ੍ਰਕਾਸ਼ ਪੁਰਬ ਦੇ ਸਬੰਧ ਚ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖਤ ਸਾਹਿਬ ਅਤੇ ਗੁਰੂਦੁਆਰਾ ਬਾਬਾ ਅੱਟਲ ਰਾਏ ਵਿਖੇ ਪਵਿਤਰ ਜਲੌਅ ਸਜਾਏ ਗਏ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਬਾਬਾ ਅਟੱਲ ਰਾਇ ਸਾਹਿਬ ਵਿਖੇ ਸਵੇਰੇ 9 ਵਜੇ ਤੋਂ ਦੁਪਹਿਰ 12 ਵਜੇ ਤਕ ਸਜਾਏ ਗਏ ਪਵਿੱਤਰ ਅਲੌਕਿਕ ਜਲੌਅ ਸੰਗਤ ਲਈ ਖਿੱਚ ਦਾ ਕੇਂਦਰ ਬਣੇ। ਇਸ ਤੋਂ ਇਲਾਵਾ ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਕੀਤੀ ਗਈ ਫੁੱਲਾਂ ਦੀ ਅਤਿ ਸੁੰਦਰ ਸਜਾਵਟ ਵੀ ਮਨਮੋਹਕ ਦ੍ਰਿਸ਼ ਪੇਸ਼ ਕਰ ਰਹੀ ਸੀ। ਸ਼ਾਮ ਵੇਲੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਦੀਪਮਾਲਾ ਅਤੇ ਆਤਿਸ਼ਬਾਜੀ ਕੀਤੀ ਜਾਵੇਗੀ।

-----------------------------------------------------

ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਦਸਿਆ ਕਿ ਕਿਸਾਨੀ ਸੰਦਾ ਬਾਰੇ ਜਾਣਕਾਰੀ ਦੇਣ ਲਈ  ਰਾਜਪੁਰਾ ਵਿਖੇ ਕਿਸਾਨ ਮੇਲਾ ਲਾਇਆ ਗਿਆ। ਇਸ ਵਿੱਚ ਵੱਖ-ਵੱਖ ਕੰਪਨੀਆਂ ਨੇ  ਕਿਸਾਨੀ ਸੰਦਾਂ, ਔਜਾਰਾਂ, ਬੀਜਾਂ, ਖਾਦਾਂ ਦੀਆ  ਲਗਾਈਆਂ ਗਈਆਂ ਪ੍ਰਦਰਸ਼ਨੀਆਂ ਦਾ ਦੌਰਾ ਕੀਤਾ । ਇਸ ਮੌਕੇ  ਹਰਚੰਦ ਸਿੰਘ ਬਰਸਟ ਨੇ  ਖੂਨਦਾਨ ਕੈਂਪ ਅਤੇ ਬੂਟਿਆਂ ਦੇ ਕੈਂਪ ਦਾ ਉਦਘਾਟਨ ਕੀਤਾ ਗਿਆ। ਉਨ੍ਹਾਂ ਪ੍ਰਬੰਧਕਾਂ ਨੂੰ ਕਿਸਾਨ ਮੇਲੇ ਦੇ ਸਫ਼ਲ ਆਯੋਜਨ ਲਈ ਵਧਾਈਆਂ ਦਿੱਦਿਆਂ ਕਿਹਾ ਕਿ ਅਜਿਹੇ ਮੇਲੇ ਕਿਸਾਨਾਂ ਅਤੇ ਖੇਤੀਬਾੜੀ ਲਈ ਬੜੇ ਲਾਹੇਵੰਦ ਸਾਬਤ ਹੁੰਦੇ ਨੇ । ਮੇਲੇ ਰਾਹੀਂ ਕਿਸਾਨਾਂ ਤੇ ਖੇਤੀ ਨਾਲ ਜੁੜੇ ਲੋਕਾਂ ਨੂੰ ਕਿਸਾਨੀ ਨਾਲ ਸਬੰਧਤ ਆਧੁਨਿਕ ਵਸਤਾਂ ਬਾਰੇ ਨਵੀਂ ਜਾਣਕਾਰੀ ਮਿਲਦੀ ਏ । ਅੱਜ ਦੇ ਇਸ ਆਧੁਨਿਕ ਯੁੱਗ ਵਿੱਚ ਨੌਜਵਾਨਾਂ ਨੂੰ ਖੇਤੀ ਨਾਲ ਜੋੜਣ ਲਈ ਅਜਿਹੇ ਵਿਸ਼ੇਸ਼ ਉਪਰਾਲੇ ਕਰਨ ਦੀ ਬੜੀ ਲੋੜ ਏ । ਉਨ੍ਹਾਂ ਦਸਿਆ ਕਈ ਇਸ ਸੀਜਨ ਵਿੱਚ 35 ਹਜਾਰ ਤੋਂ ਵੱਧ ਬੂਟੇ ਲਗਾਉਣ ਦਾ ਟੀਚਾ ਰੱਖਿਆ ਗਿਆਏ  ਤੇ ਹੁਣ ਤੱਕ ਕਰੀਬ 50

ਹਜਾਰ ਬੂਟੇ  ਲਗਾਏ ਜਾ ਚੁੱਕੇ ਨੇ। ਉਨ੍ਹਾਂ ਸਾਰਿਆਂ ਨੂੰ ਆਪਣੇ ਆਲੇ-ਦੁਆਲੇ ਪੰਜ-ਪੰਜ ਬੂਟੇ ਲਗਾਉਣ ਅਤੇ ਉਨ੍ਹਾਂ ਦੀ ਸਾਂਭ-ਸੰਭਾਲ ਕਰਨ ਲਈ ਪ੍ਰੇਰਿਤ ਕੀਤਾ।

-----------------------------------------------------

ਅੱਜ ਪਟਿਆਲਾ ਅਤੇ ਮੋਹਾਲੀ ਸਮੇਤ ਸੂਬੇ ਦੀਆਂ ਹੋਰਨਾਂ ਕਈ ਥਾਵਾਂ ਤੇ ਭਾਰੀ ਮੀਂਹ ਪੈ ਰਿਹਾ ਏ ਈ ਮੋਹਾਲੀ ਤੋਂ ਸਾਡੇ ਪੱਤਰਕਾਰ ਮਨੋਜ ਗਿਰਧਰ ਤੇ ਪਟਿਆਲਾ ਤੋਂ ਰਾਓ ਵਰਿੰਦਰ ਨੇ ਦਸਿਆ ਕਿ ਸਵੇਰ ਤੋਂ ਪੈ ਰਹੇ ਮੀਹ ਕਾਰਨ ਕੰਮਕਾਰ ਤੇ ਆਉਣ ਜਾਣ ਵਾਲਿਆਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਏ, ਮੋਹਾਲੀ ਤੇ ਖਰੜ ਨੇੜੇ ਸੜਕਾਂ ਤੇ ਜਾਮ ਦੀ ਸਮਸਿਆ ਵੀ ਵੇਖੀ ਗਈ। ਇਸਤੋਂ ਇਲਾਵਾ ਜਲੰਧਰ ਫਰੀਦਕੋਟ ਤੇ ਮਾਨਸਾ ਸਮੇਤ ਵੱਖ ਵੱਖ ਥਾਵਾਂ ਤੇ ਹਲਕੀ ਬੱਦਲਵਾਈ ਬਣੀ ਹੋਈ ਏ । ਇਸ ਮੀਂਹ ਨਾਲ ਲੋਕਾਂ ਨੂੰ ਹੁੰਮਸ ਭਰੀ ਗਰਮੀ ਤੋਂ ਰਾਹਤ ਮਿਲੀ ਤੇ ਮੌਸਮ ਬੇਹੱਦ ਸੁਹਾਵਣਾ ਬਣਿਆ ਹੋਇਆ  ਏ। ਓਧਰ ਸੂਬੇ ਦੇ ਵੱਖ ਵੱਖ ਜ਼ਿਲਿਆਂ ਤੋਂ ਲੋਕਾਂ ਦਾ ਮੀਹ ਬਾਰੇ ਕਹਿਣਾ ਏ।